Dispatch No. I/30532/2020

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਫਰੀਦਕੋਟ

ਮਿਸ਼ਨ ਫਤਿਹ

ਮਿਸ਼ਨ ਫਤਿਹ ਤਹਿਤ ਕਰੋਨਾਂ ਦੇ ਫੈਲਾਅ ਨੂੰ ਰੋਕਣ ਲਈ ਲੋਕਾਂ ਨੂੰ ਜਾਗਰੂਕ ਕੀਤਾ ਜਾਏਗਾ-ਕੁਮਾਰ ਸੌਰਭ ਰਾਜ

ਆਮ ਲੋਕਾਂ ਅਤੇ ਵੱਖ ਵੱਖ ਵਿਭਾਗਾਂ ਦੇ ਸਹਿਯੋਗ ਅਤੇ ਸਰਕਾਰ ਦੇ ਯੋਗਦਾਨ ਸਦਕਾ ਸਫਲ ਹੋਵੇਗਾ ਮਿਸ਼ਨ ਫਤਿਹ

ਫਰੀਦਕੋਟ 3 ਜੂਨ ( ): ਡਿਪਟੀ ਕਮਿਸ਼ਨਰ ਸ੍ਰੀ ਕੁਮਾਰ ਸੌਰਭ ਰਾਜ ਨੇ ਦੱਸਿਆ ਕਿ ਕੋਰੋਨਾ ਖਿਲਾਫ਼ ਜੰਗ ਨੂੰ ਸੂਬੇ ਭਰ ਵਿਚ ਜ਼ਮੀਨੀ ਪੱਧਰ ਤੇ ਲਿਜਾਣ ਲਈ ਮੁੱਖ ਮੰਤਰੀ ਪੰਜਾਬ ਕੈਪਟਨ ਅਮਰਿੰਦਰ ਸਿੰਘ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੁਆਰਾ ਮਿਸ਼ਨ ਫਤਿਹ ਤਹਿਤ ਮਹੀਨਾ ਭਰ ਚੱਲਣ ਵਾਲੀ ਜਾਗਰੂਕਤਾ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ ਹੈ ਤਾਂ ਜੋ ਇਸ ਮਹਾਂਮਾਰੀ ਬਾਰੇ ਲੋਕਾਂ ਵਿਚ ਵਿਆਪਕ ਪੱਧਰ ਉੱਤੇ ਜਾਗਰੂਕਤਾ ਫੈਲਾਈ ਜਾ ਸਕੇ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਕੋਰੋਨਾ ਦਾ ਕਹਿਰ ਹਾਲੇ ਜਾਰੀ ਹੈ ਅਤੇ ਮਿਸ਼ਨ ਫਤਿਹ ਦੇ ਤਹਿਤ ਕੋਰੋਨਾ ਖਿਲਾਫ ਲੜਾਈ ਵਿਚ ਲੋਕਾਂ ਨੂੰ ਸ਼ਾਮਲ ਕਰਦਿਆਂ ਸਰਕਾਰ ਨਾਲ ਸਹਿਯੋਗ ਕਰਕੇ ਇਸ ਮਹਾਂਮਾਰੀ ਵਿਰੁੱਧ ਡਟਣ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਕੋਰੋਨਾ ਵਾਇਰਸ ਦੇ ਫੈਲਾਅ ਨੂੰ ਰੋਕਣ ਲਈ ਮਿਸ਼ਨ ਫਤਿਹ ਤਹਿਤ ਲੋਕਾਂ ਨੂੰ ਸਾਵਧਾਨੀਆਂ ਵਰਤਣ ਲਈ ਜਾਗਰੂਕ ਕੀਤਾ ਜਾ ਰਿਹਾ ਹੈ ਜਿਸ ਵਿਚ ਸਮਾਜਿਕ ਦੂਰੀ, ਮਾਸਕ ਦੀ ਵਰਤੋਂ ਅਤੇ ਵਾਰ ਵਾਰ ਹੱਥ ਧੋਣ ਸਬੰਧੀ ਲੋਕਾਂ ਨੂੰ ਪ੍ਰੇਰਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿਚ ਬਾਹਰਲੇ ਸੂਬਿਆਂ ਤੋਂ ਆਉਣ ਵਾਲੇ ਵਿਅਕਤੀਆਂ ਲਈ ਮੋਬਾਇਲ ਫੋਨ ਵਿਚ ਕੋਵਾ ਐਪ ਡਾਊਨਲੋਡ ਕਰਕੇ ਸੈਲਫ ਜਨਰੇਟਡ ਪਾਸ ਲੈਣਾ ਜਰੂਰੀ ਹੋਵੇਗਾ ਉਨ੍ਹਾਂ ਕਿਹਾ ਕਿ ਇਸ ਮੁਹਿੰਮ ਵਿਚ ਹਰ ਵਿਭਾਗ ਦੀ ਅਹਿਮ ਸ਼ਮੂਹਲੀਅਤ ਹੋਵੇਗੀ ਤਾਂ ਜੋ ਕੋਰੋਨਾ ਖਿਲਾਫ ਛੇੜੀ ਜੰਗ ਨੂੰ ਮਿਸ਼ਨ ਫਤਿਹ ਤਹਿਤ ਜਿੱਤਿਆ ਜਾ ਸਕੇ।

ਸ੍ਰੀ ਕੁਮਾਰ ਸੌਰਭ ਰਾਜ ਨੇ ਦੱਸਿਆ ਕਿ ਜ਼ਿਲ੍ਹੇ ਵਿਚ ਵਿਸ਼ੇਸ਼ ਹਦਾਇਤਾਂ ਜਾਰੀ ਕਰਦਿਆਂ ਮਾਸਕ ਪਹਿਨਣਾਂ, ਸਮਾਜਿਕ ਦੂਰੀ ਬਰਕਾਰ ਰੱਖਣਾ ਲਾਜ਼ਮੀ ਕੀਤਾ ਗਿਆ ਹੈ ਅਤੇ ਇਸ ਦੀ ਉਲੰਘਣਾਂ ਕਰਨ ਵਾਲਿਆਂ ਲਈ ਜ਼ੁਰਮਾਨਾ ਨਿਰਧਾਰਤ ਕੀਤਾ ਗਿਆ ਹੈ।

ਉਨ੍ਹਾਂ ਦੱਸਿਆ ਕਿ ਕੋਰੋਨਾ ਮਹਾਂਮਾਰੀ ਦੇ ਫੈਲਾਅ ਨੂੰ ਰੋਕਣ ਲਈ ਜਨਤਕ ਥਾਵਾਂ ਤੇ ਮਾਸਕ ਨਾ ਪਹਿਨਣ ਅਤੇ ਥੁੱਕਣ ਤੇ 500, ਇਕਾਂਤਵਾਸ ਦੀ ਉਲੰਘਣਾ ਕਰਨ ਅਤੇ ਦੁਕਾਨਾਂ, ਵਪਾਰਕ ਥਾਵਾਂ ਦੇ ਮਾਲਕਾਂ ਵੱਲੋਂ ਸਮਾਜਿਕ ਦੂਰੀ ਦੀ ਉਲੰਘਣਾ ਕਰਨ ਤੇ 2 ਹਜ਼ਾਰ ਰੁਪਏ ਜ਼ੁਰਮਾਨਾ ਵਸੂਲਿਆ ਜਾਵੇਗਾ। ਇਸ ਤੋਂ ਇਲਾਵਾ ਉਨ੍ਹਾਂ ਕਿਹਾ ਕਿ ਵਾਹਨਾਂ ਦੇ ਮਾਲਕਾਂ ਵੱਲੋਂ ਸਮਾਜਿਕ ਦੂਰੀ ਦੇ ਨਾਰਮਜ਼ ਦੀ ਉਲੰਘਣਾ ਕਰਨ ਤੇ ਬੱਸਾਂ ਲਈ 3 ਹਜ਼ਾਰ ਰੁਪਏ, ਕਾਰਾਂ ਲਈ 2 ਹਜ਼ਾਰ ਰੁਪਏ, ਆਟੋ ਰਿਕਸ਼ਾ ਅਤੇ ਦੋ ਪਹੀਆ ਵਾਹਨਾਂ ਲਈ 500 ਰੁਪਏ ਜ਼ੁਰਮਾਨਾ ਲਗਾਇਆ ਜਾਵੇਗਾ।

ਡਿਪਟੀ ਕਮਿਸ਼ਨਰ ਨੇ ਆਮ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਮਿਸ਼ਨ ਫਤਿਹ ਵਿਚ ਵੀ ਉਹ ਪਹਿਲਾਂ ਦੀ ਤਰਾਂ ਸਹਿਯੋਗ ਦੇਣ ਤਾਂ ਜੋ ਇਸ ਮਹਾਂਮਾਰੀ ਨੂੰ ਫੈਲਣ ਤੋਂ ਰੋਕਿਆ ਜਾ ਸਕੇ ਅਤੇ ਇਸ ਤੇ ਜਿੱਤ ਪ੍ਰਾਪਤ ਕੀਤੀ ਜਾ ਸਕੇ।

Dispatch No. I/30608/2020

ਦਫਤਰ ਜਿਲਾ ਲੋਕ ਸੰਪਰਕ ਅਫਸਰ, ਫਰੀਦਕੋਟ

ਵਧੀਕ ਜਿਲਾ ਮੈਜਿਸਟ੍ਰੇਟ ਵੱਲੋਂ ਧਾਰਾ 144 ਤਹਿਤ ਪਾਬੰਦੀਆਂ ਦੇ ਹੁਕਮ ਜਾਰੀ

ਆਦੇਸ਼ 30 ਜੁਲਾਈ 2020 ਤੱਕ ਲਾਗੂ ਰਹਿਣਗੇ- ਵਧੀਕ ਜਿਲਾ ਮੈਜਿਸਟ੍ਰੇਟ

ਫਰੀਦਕੋਟ 3 ਜੂਨ 2020 ( ) ਵਧੀਕ ਜਿਲਾ ਮੈਜਿਸਟ੍ਰੇਟ ਫਰੀਦਕੋਟ ਸ: ਗੁਰਜੀਤ ਸਿੰਘ, ਪੀ.ਸੀ.ਐਸ., ਨੇ ਫੌਜਦਾਰੀ ਜ਼ਾਬਤਾ ਸੰਘਤਾ 1973 ਦੀ ਧਾਰਾ 144 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜਿਲਾ ਫਰੀਦਕੋਟ 'ਚ ਪਾਬੰਦੀਆਂ ਦੇ ਹੁਕਮ ਜਾਰੀ ਕੀਤੇ ਹਨ ।ਇਹ ਆਦੇਸ਼ 30 ਜੁਲਾਈ 2020 ਤੱਕ ਲਾਗੂ ਰਹਿਣਗੇ।

ਅਸਲਾ ਡੱਬ ਵਿੱਚ ਛੁਪਾ ਕੇ ਚੱਲਣ ਤੇ ਪਾਬੰਦੀ

ਵਧੀਕ ਜਿਲਾ ਮੈਜਿਸਟ੍ਰੇਟ ਵੱਲੋਂ ਜਿਲੇ 'ਚ ਅਮਨ ਕਾਨੂੰਨ ਦੀ ਸਥਿਤੀ ਬਣਾਏ ਰੱਖਣ ਦੇ ਮੱਦੇਨਜ਼ਰ ਜਿਲਾ ਫਰੀਦਕੋਟ ਦੇ ਡਿਪਟੀ ਕਮਿਸ਼ਨਰ, ਐਸ.ਐਸ.ਪੀ. ਸਮੂਹ ਉਪ ਮੰਡਲ ਮੈਜਿਸਟ੍ਰੇਟਾਂ ਅਤੇ ਜੁਡੀਸ਼ੀਅਲ ਕੰਪਲੈਕਸ ਦੇ ਦਫਤਰਾਂ ਦੀ ਬਾਊਂਡਰੀ ਦੇ ਅੰਦਰ ਅਤੇ ਜਨਤਕ ਥਾਵਾਂ ਜਿਵੇਂ ਕਿ ਮੈਰਿਜ ਪੈਲੇਸ, ਹੋਟਲ ਸਰਾਂ, ਢਾਬਿਆਂ, ਹਸਪਤਾਲਾਂ ਆਦਿ ਅਤੇ ਜਿਲਾ ਭੀੜ ਵਾਲੇ ਇਲਾਕਿਆਂ, ਧਾਰਮਿਕ ਸਥਾਨਾਂ ਅਤੇ ਮੇਲਿਆਂ ਆਦਿ ਤੇ ਲਾਇਸੈਂਸੀ ਹਥਿਆਰ ਲਿਜਾਣ ਅਤੇ ਪ੍ਰਦਰਸ਼ਨ ਤੇ ਮੁਕੰਮਲ ਪਾਬੰਦੀ ਲਗਾਈ ਗਈ ਹੈ ਅਤੇ ਇਸ ਦੇ ਨਾਲ ਹੀ ਪੂਰੇ ਜਿਲਾ ਫਰੀਦਕੋਟ ਦੀ ਹਦੂਦ ਅੰਦਰ ਕੋਈ ਵੀ ਅਸਲਾ ਲਾਈਸੈਂਸ ਹੋਲਡਰ ਜੇਕਰ ਅਸਲਾ ਨਾਲ ਲੈ ਕੇ ਚੱਲਣਾ ਚਾਹੁੰਦੇ ਹਨ, ਤਾਂ ਉਨਾਂ ਦਾ ਅਸਲਾ ਬੈਲਟ ਲਗਾ ਕੇ ਕਵਰ ਵਿਚ ਹੋਣਾ ਚਾਹੀਦਾ ਹੈ ਤੇ ਨਜ਼ਰ ਆਉਣਾ ਚਾਹੀਦਾ ਹੈ, ਤਾਂ ਕਿ ਛੁਪਾ ਕੇ ਬਿਨਾ ਲਾਈਸੈਂਸ ਗਲਤ ਰੱਖਣ ਵਾਲਿਆਂ ਨੂੰ ਕਾਬੂ ਕੀਤਾ ਜਾ ਸਕੇ ।ਇਸ ਦੇ ਨਾਲ ਹੀ ਨੰਗੀਆਂ ਤਲਵਾਰਾਂ, ਬਰਸ਼ੇ ਅਤੇ ਕਿਸੇ ਵੀ ਤਰਾਂ ਦੇ ਤੇਜ਼ਧਾਰ ਹਥਿਆਰ ਲੈ ਕੇ ਚੱਲਣ ਅਤੇ ਉਨਾਂ ਦੇ ਪ੍ਰਦਰਸ਼ਨ ਤੇ ਵੀ ਪਾਬੰਦੀ ਲਗਾਈ ਗਈ ਹੈ ।

ਲਾਊਡ ਸਪੀਕਰ ਲਾਉਣ ਤੇ ਪਾਬੰਦੀ

ਵਧੀਕ ਜਿਲਾ ਮੈਜਿਸਟ੍ਰੇਟ ਨੇ ਜਿਲਾ ਫਰੀਦਕੋਟ ਦੀ ਸੀਮਾਵਾਂ ਅੰਦਰ ਲਾਊਡ ਸਪੀਕਰ ਲਾਉਣ ਤੇ ਪਾਬੰਦੀ ਲਗਾਈ ਹੈ ਉਨਾਂ ਦੱਸਿਆ ਕਿ ਖਾਸ ਹਾਲਤਾਂ ਅਤੇ ਮੌਕਿਆਂ ਸਮੇਂ ਪ੍ਰਬੰਧਕ ਸਬੰਧਤ ਉਪ ਮੰਡਲ ਮੈਜਿਸਟਰੇਟਾਂ ਪਾਸੋਂ ਲਿਖਤੀ ਪ੍ਰਵਾਨਗੀ ਲੈਣ ਉਪਰੰਤ ਹੀ ਲਾਊਡ ਸਪੀਕਰਾਂ ਦਾ ਇਸਤੇਮਾਲ ਕਰ ਸਕਦੇ ਹਨ। ਉਨਾਂ ਦੱਸਿਆ ਕਿ ਜਿਲੇ ਵਿੱਚ ਪਬਲਿਕ ਵੱਲੋਂ ਕਲਚਰਲ ਅਤੇ ਧਾਰਮਿਕ ਜਾਂ ਖੁਸ਼ੀ ਦੇ ਸਮਾਗਮਾਂ ਸਮੇਂ ਲਾਊਡ ਸਪੀਕਰਾਂ ਦੀ ਵਰਤੋਂ ਕੀਤੀ ਜਾਂਦੀ ਹੈ। ਜਿਸ ਦੀ ਵਰਤੋਂ ਸਦਕਾ ਲੋਕ ਸ਼ਾਂਤੀ ਭੰਗ ਹੁੰਦੀ ਹੈ। ਇਸ ਸਭ ਦੇ ਮੱਦੇਨਜ਼ਰ ਵਧੀਕ ਜਿਲਾ ਮੈਜਿਸਟ੍ਰੇਟ ਨੇ ਲਾਊਡ ਸਪੀਕਰ ਦੀ ਵਰਤੋਂ ਤੇ ਪਾਬੰਦੀ ਲਗਾਈ ਹੈ ।ਇਹ ਪਾਬੰਦੀ 30 ਜੁਲਾਈ 2020 ਤੱਕ ਲਾਗੂ ਰਹੇਗੀ।

ਨਜਾਇਜ਼ ਕਬਜਿਆਂ ਤੇ ਪਾਬੰਦੀ

ਇਸ ਤੋਂ ਇਲਾਵਾ ਜਿਲਾ ਫਰੀਦਕੋਟ ਦੀ ਹਦੂਦ ਅੰਦਰ ਕੋਈ ਵੀ ਵਿਅਕਤੀ ਸਰਕਾਰੀ ਰਸਤੇ/ਸੜਕਾਂ ਦੀ ਜ਼ਮੀਨ ਤੇ ਨਜਾਇਜ਼ ਕਬਜਾ ਕਰਨ ਤੇ ਵੀ ਪਾਬੰਦੀ ਲਗਾਈ ਹੈ ।

ਤੰਬਾਕੂ ਵੇਚਣ ਤੇ ਪਾਬੰਦੀ

ਵਧੀਕ ਜਿਲਾ ਮੈਜਿਸਟ੍ਰੇਟ ਸ: ਗੁਰਜੀਤ ਸਿੰਘ ਨੇ ਜਿਲਾ ਫਰੀਦਕੋਟ ਦੀ ਹਦੂਦ ਅੰਦਰ ਵਿਦਿਅਕ ਸੰਸਥਾਵਾਂ ਦੇ ਦੁਆਲੇ 100 ਮੀਟਰ ਦੇ ਘੇਰੇ ਅੰਦਰ ਤੰਬਾਕੂ ਰੱਖਣ ਅਤੇ 18 ਸਾਲ ਤੋਂ ਘੱਟ ਉਮਰ ਵਾਲੇ ਵਿਅਕਤੀ ਨੂੰ ਵੇਚਣ ਅਤੇ ਵਰਤੋਂ ਕਰਨ ਤੇ ਮੁਕੰਮਲ ਪਾਬੰਦੀ ਲਗਾਈ ਹੈ ਉਨਾਂ ਕਿਹਾ ਕਿ ਤੰਬਾਕੂ ਦੀ ਵਰਤੋਂ ਵਿਅਕਤੀ ਦੇ ਸਰੀਰ ਨੂੰ ਨੁਕਸਾਨ ਪਹੰਚਾਉਂਦੀ ਹੈ ਜਿਸ ਨਾਲ ਵਿਅਕਤੀ ਸਰੀਰਕ ਅਤੇ ਮਾਨਸਿਕ ਤੌਰ ਤੇ ਰੋਗੀ ਹੋ ਜਾਂਦਾ ਹੈ। ਇਹ ਪਾਬੰਦੀ 30 ਜੁਲਾਈ 2020 ਤੱਕ ਲਾਗੂ ਰਹੇਗੀ।

ਸਾਈਕਲ, ਰਿਕਸ਼ਾ, ਟਰੈਕਟਰ-ਟਰਾਲੀ, ਰੇਹੜੀ ਆਦਿ ਦੇ ਅੱਗੇ-ਪਿੱਛੇ ਲਾਈਟਾਂ ਨਹੀਂ, ਰਿਫਲੈਕਟਰ ਤੋਂ ਬਿਨਾਂ ਚੱਲਣ 'ਤੇ ਰੋਕ

ਇਸੇ ਤਰਾਂ ਸਾਈਕਲ, ਰਿਕਸ਼ਾ, ਟਰੈਕਟਰ-ਟਰਾਲੀ, ਰੇਹੜੀ ਅਤੇ ਅਜਿਹੀਆਂ ਹੀ ਹੋਰ ਗੱਡੀਆਂ ਜਿੰਨਾਂ ਦੇ ਅੱਗੇ-ਪਿੱਛੇ ਲਾਈਟਾਂ ਨਹੀਂ ਹਨ, ਅਜਿਹੇ ਵਾਹਨਾਂ ਨੂੰ ਰਿਫਲੈਕਟਰ ਤੋਂ ਬਿਨਾਂ ਚੱਲਣ 'ਤੇ ਰੋਕ ਲਗਾਈ ਗਈ ਹੈ। ਵਧੀਕ ਜਿਲਾ ਮੈਜਿਸਟ੍ਰੇਟ ਨੇ ਕਿਹਾ ਕਿ ਅਜਿਹੇ ਵਾਹਨ ਅਕਸਰ ਐਕਸੀਡੈਂਟਾਂ ਦਾ ਕਾਰਣ ਬਣਦੇ ਹਨ। ਇਸ ਨਾਲ ਜਿੱਥੇ ਮਾਲੀ ਤੇ ਜਾਨੀ ਨੁਕਸਾਨ ਹੁੰਦਾ ਹੈ, ਉੱਥੇ ਕਈ ਵਾਰ ਆਮ ਜਨਤਾ ਵਿੱਚ ਅਸ਼ਾਂਤੀ ਅਤੇ ਅਮਨ ਭੰਗ ਹੋਣ ਦਾ ਖਤਰਾ ਪੈਦਾ ਹੋਣ ਦੀ ਸੰਭਾਵਨਾ ਬਣੀ ਰਹਿੰਦੀ ਹੈ। ਇਸ ਲਈ ਇੰਨਾਂ ਦੇ ਅੱਗੇ-ਪਿੱਛੇ ਲਾਲ ਰੰਗ ਦੇ ਰਿਫਲੈਕਟਰ ਜਾਂ ਕੋਈ ਆਈ ਗਲਾਸ ਜਾਂ ਚਮਕਦਾਰ ਟੇਪ ਫਿੱਟ ਕਰਵਾਏ ਬਿਨਾਂ ਨਹੀਂ ਚਲਾਏਗਾ।

ਧਾਰਮਿਕ ਜਾਂ ਖੁਸ਼ੀ ਆਦਿ ਦੇ ਸਮਾਗਮਾਂ ਸਮੇਂ ਗਲੀ,ਮੁਹੱਲਿਆ ਵਿੱਚ ਸ਼ਾਮੇਆਣਾ ਲਗਾ ਕੇ ਪ੍ਰੋਗਰਾਮ ਕਰਨ ਤੇ ਪਾਬੰਦੀ

ਇਕ ਹੋਰ ਹੁਕਮ ਰਾਹੀਂ ਜਿਲਾ ਫਰੀਦਕੋਟ ਦੀ ਸੀਮਾਵਾਂ ਅੰਦਰ ਲਾਊਡ ਸਪੀਕਰ ਲਾਉਣ ਤੇ ਪਾਬੰਦੀ ਲਗਾਈ ਹੈ ।ਇਸ ਦੇ ਨਾਲ ਹੀ ਜਿਲਾ ਫਰੀਦਕੋਟ ਦੇ ਸ਼ਹਿਰੀ ਇਲਾਕਿਆਂ ਵਿੱਚ ਸਬੰਧਤ ਉਪ ਮੰਡਲ ਮੈਜਿਸਟ੍ਰੇਟ ਦੀ ਪ੍ਰਵਾਨਗੀ ਲਏ ਬਿਨਾਂ ਗਲੀ,ਮੁਹੱਲਿਆ, ਧਾਰਮਿਕ ਜਾਂ ਖੁਸ਼ੀ ਆਦਿ ਦੇ ਸਮਾਗਮਾਂ ਸਮੇਂ ਪਬਲਿਕ ਸਥਾਨਾਂ ਤੇ ਸ਼ਾਮੇਆਣਾ ਲਗਾ ਕੇ ਕੋਈ ਵੀ ਧਾਰਮਿਕ ਪ੍ਰੋਗਰਾਮ, ਜਲਸੇ, ਰੈਲੀਆਂ ਆਦਿ ਨਹੀਂ ਕਰੇਗਾ ।

---------

Dispatch no, I/30661/2020

## ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ

## ਲਾਕਡਾਊਨ ਦੌਰਾਨ ਵਿਆਹ ਸਮਾਗਮਾਂ ਦੀ ਮਨਜ਼ੂਰੀ ਲੈਣ ਲਈ ਸਬੰਧਤ ਐਸ.ਡੀ.ਐਮ. ਨਾਲ ਸੰਪਰਕ ਕਰੋ-ਜਿਲ੍ਹਾ ਮੈਜਿਸਟ੍ਰੇਟ

## ਸਮਾਜਿਕ ਦੂਰੀ ਬਣਾਈ ਰੱਖਣਾ ਅਤੇ ਮਾਸਕ ਪਹਿਨਣਾ ਜ਼ਰੂਰੀ ਹੋਵੇਗਾ

ਫਰੀਦਕੋਟ 3 ਜੂਨ ( ) ਜਿਲ੍ਹਾ ਮੈਜਿਸਟ੍ਰੇਟ ਸ੍ਰੀ ਕੁਮਾਰ ਸੌਰਭ ਰਾਜ ਨੇ ਦੱਸਿਆ ਕਿ ਪੰਜਾਬ ਸਰਕਾਰ ਦੇ ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ ਵੱਲੋਂ ਜਾਰੀ ਹਦਾਇਤਾਂ ਮਿਤੀ 31 ਮਈ 2020 ਅਨੁਸਾਰ ਵਿਆਹ ਸਮਾਗਮ ਲਈ 50 ਵਿਅਕਤੀਆਂ ਦੇ ਇਕੱਠ ਨੂੰ ਮਨਜ਼ੂਰੀ ਦੇਣ ਲਈ ਪ੍ਰਬੰਧਤ ਦੀ ਸ੍ਰੇਣੀ ਵਿੱਚ ਰੱਖਿਆ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਸਬੰਧੀ ਜਿਲ੍ਹੇ ਦੇ ਲੋਕਾਂ ਦੀਆਂ ਸੇਵਾਵਾਂ ਨੂੰ ਧਿਆਨ ਵਿੱਚ ਰੱਖਦਿਆਂ ਜਿਲ੍ਹੇ ਦੇ ਸਬੰਧਤ ਉਪ ਮੰਡਲ ਮੈਜਿਸਟ੍ਰੇਟ ਨੂੰ ਆਪਣੀ ਆਪਣੀ ਸਬ ਡਵੀਜਨ ਵਿੱਚ ਵਿਆਹ ਸਮਾਗਮਾਂ ਦੀ ਪ੍ਰਵਾਨਗੀ ਆਪਣੇ ਪੱਧਰ ਤੇ ਦੇਣ ਲਈ ਅਧਿਕਾਰਤ ਕੀਤਾ ਗਿਆ ਹੈ।

ਉਨ੍ਹਾਂ ਕਿਹਾ ਇਸ ਸਬੰਧਤ ਉਪ ਮੰਡਲ ਮੈਜਿਸਟ੍ਰੇਟ ਇਸ ਤਰ੍ਹਾਂ ਦੀ ਪ੍ਰਵਾਨਗੀ ਜਾਰੀ ਕਰਦੇ ਸਮੇਂ ਕੋਵਿਡ-19 ਸਬੰਧੀ ਭਾਰਤ ਸਰਕਾਰ, ਪੰਜਾਬ ਸਰਕਾਰ ਅਤੇ ਇਸ ਦਫਤਰ ਵੱਲੋਂ ਵੱਖ ਵੱਖ ਸਮੇਂ ਤੇ ਜਾਰੀ ਆਦੇਸ਼ਾਂ/ਗਾਈਡਲਾਈਨਜ਼ ਦੀ ਪਾਲਣਾ ਕਰਨੀ ਯਕੀਨੀ ਬਣਾਉਣਗੇ। ਇਸ ਸਬੰਧੀ ਸਮਾਜਿਕ ਦੂਰੀ ਬਣਾਈ ਰੱਖਣ ਅਤੇ ਹਰ ਵਿਅਕਤੀ ਵੱਲੋਂ ਮਾਸਕ ਪਹਿਨਣਾ ਜ਼ਰੂਰੀ ਹੋਵੇਗਾ।

Dispatch No. I/30709/2020

ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ

ਫਰੀਦਕੋਟ 'ਚ ਮਿਲੇ 3 ਹੋਰ ਕੋਰੋਨਾ ਪੋਜੇਟਿਵ ਕੇਸ

1 ਪੁਲਿਸ ਕਰਮਚਾਰੀ, 1 ਗਰਭਵਤੀ ਔਰਤ ਅਤੇ ਬਾਹਰਲੇ ਸੂਬੇ ਚੋਂ ਆਇਆ 1 ਵਿਅਕਤੀ

ਮਿਸ਼ਨ ਫਤਹਿ ਦੀ ਕਾਮਯਾਬੀ ਲਈ ਸਿਹਤ ਵਿਭਾਗ ਨਿਭਾਏਗਾ ਅਹਿਮ ਭੂਮਿਕਾ-ਸਿਵਲ ਸਰਜਨ

ਫਰੀਦਕੋਟ 3 ਜੂਨ ( ) ਸਿਵਲ ਸਰਜਨ ਡਾ.ਰਜਿੰਦਰ ਕੁਮਾਰ ਨੇ ਦੱਸਿਆ ਕਿ ਕੋਵਿਡ-19 ਦੀਆਂ ਅੱਜ ਤੱਕ 5016 ਸੈਂਪਲ ਲੈਬ ਵਿੱਚ ਭੇਜੇ ਜਾ ਚੁੱਕੇ ਹਨ, ਜਿੰਨਾਂ ਵਿੱਚੋਂ 156 ਸੈਂਪਲਾਂ ਦੇ ਨਤੀਜੇ ਆਉਣੇ ਬਾਕੀ ਹਨ। ਉਨ੍ਹਾਂ ਦੱਸਿਆ ਕਿ ਪ੍ਰਾਪਤ ਨਤੀਜਿਆਂ ਵਿੱਚ 4707 ਰਿਪੋਰਟਾਂ ਨੈਗੇਟਿਵ ਆਈਆਂ ਹਨ। ਹੁਣ ਫਰੀਦਕੋਟ ਦੇ ਵਿੱਚ 3 ਹੋਰ ਕੇਸ ਕੋਰੋਨਾ ਪਾਜ਼ੀਟਿਵ ਆਏ ਹਨ,ਜਿੰਨਾਂ ਵਿੱਚ ਕੋਟਕਪੂਰਾ ਨਾਕੇ ਤੇ ਡਿਊਟੀ ਕਰ ਰਿਹਾ 1 ਪੁਲਿਸ ਕਰਮਚਾਰੀ, ਮਾਲ ਗੋਦਾਮ ਝੁੱਗੀਆਂ ਦੀ 1 ਗਰਭਵਤੀ ਔਰਤ ਅਤੇ ਮਹਾਂਰਾਸ਼ਟਰ-ਮੁਬੰਈ ਤੋਂ ਆਇਆ 1 ਵਿਅਕਤੀ ਸ਼ਾਮਿਲ ਹੈ।ਜਿਸ ਨਾਲ ਜ਼ਿਲੇ ਦੇ ਐਕਟਿਵ ਕੇਸ 4 ਹੋ ਗਏ ਹਨ ਜੋ ਸਥਾਨਕ ਗੁਰੂ ਗੋਬਿੰਦ ਸਿੰਘ ਮੈਡੀਕਲ ਹਸਪਤਾਲ ਵਿਖੇ ਆਈਸੋਲੇਸ਼ਨ ਵਾਰਡ ਵਿੱਚ ਦਾਖਲ ਹਨ।

ਡਾ. ਰਾਜਿੰਦਰ ਕੁਮਾਰ ਨੇ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਕੈਪਟਨ ਅਮਰਿੰਦਰ ਸਿੰਘ ਵੱਲੋਂ ਰਾਜ ਵਿੱਚ ਕਰੋਨਾ-19 ਨੂੰ ਅੱਗੇ ਵੱਧਣ ਤੋਂ ਰੋਕਣ ਲਈ ਰਾਜ ਦੇ ਲੋਕਾਂ ਦੇ ਸਹਿਯੋਗ ਨਾਲ ਮਿਸ਼ਲ ਫਤਹਿ ਦੀ ਸ਼ੁਰੂਆਤ ਕੀਤੀ ਹੈ ਅਤੇ ਸਿਹਤ ਵਿਭਾਗ ਇਸ ਮੁਹਿੰਮ ਵਿੱਚ ਮੋਹਰੀ ਹੋ ਕੇ ਭੂਮਿਕਾ ਨਿਭਾਏਗਾ ਤੇ ਅਸੀਂ ਆਖਰ ਸਭ ਦੇ ਸਹਿਯੋਗ ਨਾਲ ਇਸ ਤੇ ਜਿੱਤ ਪ੍ਰਾਪਤ ਕਰਾਂਗੇ। ਵਿਭਾਗ ਵੱਲੋਂ ਜ਼ਿਲੇ ਦੀਆਂ ਵੱਖ-ਵੱਖ ਸਿਹਤ ਸੰਸਥਾਵਾ ਕੋਟਕਪੂਰਾ, ਜੈਤੋ , ਬਾਜਾਖਾਨਾ, ਸਾਦਿਕ ਅਤੇ ਫਰੀਦਕੋਟ ਵਿਖੇ ਸਥਾਪਿਤ ਫਲੂ ਕਾਰਨਰ ਵਿਖੇ ਸੈਂਪਲ ਇਕੱਤਰ ਕਰ ਲੈਬ ਨੂੰ ਜਾਂਚ ਲਈ ਭੇਜੇ ਜਾ ਰਹੇ ਹਨ।ਉਨਾਂ ਦੱਸਿਆ ਕਿ ਫਰੰਟ ਲਾਈਨ ਤੇ ਸੇਵਾਵਾ ਨਿਭਾ ਰਹੇ ਪੁਲਿਸ ਵਿਭਾਗ ਦੇ ਅਧਿਕਾਰੀ-ਕਰਮਚਾਰੀ,ਸਿਹਤ ਵਿਭਾਗ ਦੇ ਸਟਾਫ ਮੈਂਬਰ,ਆਸ਼ਾ ਵਰਕਰ,ਗਰਭਵਤੀ ਔਰਤਾ,ਹਾਲ ਹੀ ਵਿੱਚ ਬਾਹਰਲੇ ਸੂਬਿਆਂ ਤੋਂ ਆਏ ਵਿਅਕਤੀਆਂ ਦੇ ਸੈਂਪਲ ਇਕੱਤਰ ਕਰਕੇ ਲੈਬ ਵਿੱਚ ਭੇਜੇ ਜਾ ਰਹੇ ਹਨ।ਡਿਪਟੀ ਕਮਿਸ਼ਨਰ ਫਰੀਦਕੋਟ ਕੁਮਾਰ ਸੌਰਭ ਰਾਜ ਆਈ.ਏ.ਐਸ ਦੀ ਯੋਗ ਅਗਵਾਈ ਹੇਠ ਜ਼ਿਲੇ ਭਰ ਵਿੱਚ ਕੋਰੋਨਾ ਮਹਾਂਮਾਰੀ ਨੂੰ ਕਾਬੂ ਕਰਨ ਲਈ ਹਰ ਸੰਭਵ ਉਪਰਾਲਾ ਕੀਤਾ ਜਾ ਰਿਹਾ ਹੈ,ਵੱਖ-ਵੱਖ ਵਿਭਾਗਾਂ ਦੇ ਕਰਮਚਾਰੀਆਂ ਅਤੇ ਅਧਿਕਾਰੀਆਂ ਦੀਆਂ ਟੀਮਾਂ ਤਨਦੇਹੀ ਨਾਲ ਆਪਣੀਆਂ ਸ਼ਾਨਦਾਰ ਸੇਵਾਵਾਂ ਨਿਭਾ ਰਹੀਆਂ ਹਨ।

ਕੋਵਿਡ-19 ਦੇ ਜ਼ਿਲਾ ਨੋਡਲ ਅਫਸਰ ਡਾ.ਮਨਜੀਤ ਕ੍ਰਿਸ਼ਨ ਭੱਲਾ ਨੇ ਕਿਹਾ ਕਿ ਸਾਰਿਆਂ ਨੂੰ ਸਰਕਾਰ ਦੀਆਂ ਹਦਾਇਤਾਂ ਅਤੇ ਅਡਵਾਇਜ਼ਰੀਆਂ ਨੂੰ ਧਿਆਨ ਵਿੱਚ ਰੱਖਣਾ ਚਾਹੀਦਾ ਹੈ।ਉਨਾਂ ਮੀਡੀਆ ਅਫਸਰ ਡਾ.ਪ੍ਰਭਦੀਪ ਸਿੰਘ ਚਾਵਲਾ ਨੂੰ ਜਾਗਰੂਕਤਾ ਗਤੀਵਿਧੀਆਂ ਜਾਰੀ ਰੱਖਣ ਲਈ ਹਦਾਇਤ ਕੀਤੀ ਉਨਾਂ ਕਿਹਾ ਕਿ ਫਰੰਟ ਲਈਨ ਤੇ ਸੇਵਾਵਾਂ ਨਿਭਾ ਰਹੀਆਂ ਆਸ਼ਾ ਵਰਕਰ,ਸਿਹਤ ਵਿਭਾਗ ਦਾ ਸਟਾਫ,ਪੁਲਿਸ ਵਿਭਾਗ ਦੇ ਸਟਾਫ ਮੈਂਬਰਾਂ ਅਤੇ ਗਰਭਵਤੀ ਔਰਤਾਂ ਦੀ ਸਕਰੀਨੰਗ ਕਰ ਖੰਘ,ਜ਼ੁਕਾਮ,ਬੁਖਾਰ ਜਾਂ ਫਲੂ ਵਰਗੇ ਲੱਛਣ ਵਾਲਿਆਂ ਦੇ ਸੈਂਪਲ ਇਕੱਤਰ ਕਰਨ ਸਬੰਧੀ ਵੀ ਜ਼ਿਲੇ ਦੇ ਫਲੂ ਕਾਰਨਰ ਦੇ ਇੰਚਾਰਜਾਂ ਨੂੰ ਦਿਸ਼ਾ ਨਿਰਦੇਸ਼ ਜਾਰੀ ਕਰ ਦਿੱਤੇ ਗਏ ਹਨ।ਜਿੰਨਾ ਵਿਅਕਤੀਆਂ ਨੂੰ ਫਲੂ ਦੇ ਲੱਛਣ ਨਾ ਵੀ ਹੋਣ ਜੇ ਉਹ ਕੋਰੋਨਾ ਦਾ ਸ਼ੱਕ ਦੂਰ ਕਰਨਾ ਚਹੁੰਦੇ ਹਨ ਤਾਂ ਉਹ ਨੇੜੇ ਦੇ ਫਲੂ ਕਾਰਨਰ ਤੇ ਸੈਂਪਲ ਦੇ ਸਕਦੇ ਹਨ।ਜ਼ਿਲਾ ਐਪੀਡਿਮੋਲੋਜਿਸਟ ਡਾ.ਵਿਕਰਮਜੀਤ ਸਿੰਘ ਅਤੇ ਅਨੀਤਾ ਚੌਹਾਨ ਨੇ ਦੱਸਿਆ ਕਿ ਜ਼ਿਲੇ ਦੇ ਪਾਜ਼ੀਟਿਵ ਆਏ ਕੇਸਾਂ ਦੇ ਸੰਪਰਕ ਵਿੱਚ ਆਏ ਵਿਅਕਤੀਆਂ ਦੀ ਵਿਭਾਗ ਦੀ ਟੀਮ ਵੱਲੋਂ ਸੂਚੀ ਤਿਆਰ ਕੀਤੀ ਜਾ ਰਹੀ ਹੈ ਤਾਂ ਜੋ ਜਲਦੀ ਤੋਂ ਜਲਦੀ ਉਨਾਂ ਨੂੰ ਇਕਾਂਤਵਾਸ ਕਰਕੇ ਉਨਾਂ ਦਾ ਕੋਰੋਨਾ ਸੈਂਪਲ ਇਕੱਤਰ ਕਰ ਲੈਬ ਵਿੱਚ ਭੇਜਿਆ ਜਾ ਸਕੇ।